# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :26-05-2026**

ਪੰਜਾਬ ਵਿੱਚ ਨਗਰ ਨਿਗਮ, ਨਗਰ ਕੌਂਸਲ ਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਲਈ ਵੋਟਾਂ ਅੱਜ ਪੈ ਰਹੀਆਂ ਨੇ । ਵੋਟਿੰਗ  ਸਵੇਰੇ 8 ਵਜੇ ਸ਼ੁਰੂ ਹੋਈ ਤੇ ਦੁਪਹਿਰ 12 ਵਜੇ ਤੱਕ ਕੁੱਲ 31.6 ਵੋਟਿੰਗ ਫ਼ੀਸਦ ਦਰਜ ਕੀਤੀ ਗਈ ਏ।ਕੁੱਲ 35 ਲੱਖ 45 ਹਜ਼ਾਰ ਤੋਂ ਵੱਧ ਵੋਟਰ 8 ਨਗਰ ਨਿਗਮਾਂ, 75 ਨਗਰ ਕੌਂਸਲਾਂ ਅਤੇ 20 ਨਗਰ ਪੰਚਾਇਤਾਂ ਵਿੱਚ ਆਪਣੇ ਨੁਮਾਇੰਦਿਆਂ ਦੀ ਚੋਣ ਕਰਨ ਲਈ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਰਹੇ ਨੇ। ਰਾਜ ਚੋਣ ਕਮਿਸ਼ਨ ਅਨੁਸਾਰ, ਸੂਬੇ ਭਰ ਵਿੱਚ ਕੁੱਲ 1,896 ਵਾਰਡਾਂ ਤੋਂ 7,555 ਉਮੀਦਵਾਰ ਚੋਣ ਲੜ ਰਹੇ ਨੇ ਤੇ ਇਸ ਸਮੇਂ 32 ਹਜ਼ਾਰ ਪੁਲਿਸ ਮੁਲਾਜ਼ਮਾਂ ਦੀ ਭਾਰੀ ਤਾਇਨਾਤੀ ਵਿਚਕਾਰ ਵੋਟਿੰਗ ਜਾਰੀ ਏ। ਸਾਰੀਆਂ ਨਗਰ ਨਿਗਮ ਸੰਸਥਾਵਾਂ ਵਿੱਚ ਆਦਰਸ਼ ਚੋਣ ਜ਼ਾਬਤਾ

ਪਹਿਲਾਂ ਹੀ ਲਾਗੂ ਏ ਤੇ ਆਜ਼ਾਦ ਤੇ ਨਿਰਪੱਖ ਚੋਣਾਂ  ਯਕੀਨੀ ਬਣਾਉਣ ਲਈ, IAS ਤੇ ਸੀਨੀਅਰ PCS ਅਧਿਕਾਰੀਆਂ ਨੂੰ ਵੀ ਜਨਰਲ ਨਿਗਰਾਨ ਵਜੋਂ ਤਾਇਨਾਤ ਕੀਤਾ ਗਿਆ ਏ। ਵੋਟਾਂ ਦੀ ਗਿਣਤੀ ਸ਼ੁੱਕਰਵਾਰ 29 ਮਈ ਨੂੰ ਹੋਵੇਗੀ। ਇਸ ਦੌਰਾਨ, ਰਾਜ ਚੋਣ ਕਮਿਸ਼ਨ ਨੇ ਨਗਰ ਕੌਂਸਲਾਂ ਦੀਨਾਨਗਰ, ਗੁਰਦਾਸਪੁਰ, ਕਾਦੀਆਂ ਅਤੇ ਸ਼ਾਮ ਚੌਰਾਸੀ ਦੇ ਮੈਂਬਰਾਂ ਦੀ ਚੋਣ ਲਈ, ਆਮ ਚੋਣਾਂ ਕਰਵਾਉਣ ਦੀਆਂ ਤਰੀਕਾਂ ਦਾ ਐਲਾਨ ਕਰ ਦਿੱਤਾ ਏ । ਚੋਣਾਂ 13 ਜੂਨ ਨੂੰ ਹੋਣਗੀਆਂ । ਇਹਨਾਂ ਚੋਣਾਂ ਲਈ ਨਾਮਜ਼ਦਗੀਆਂ 30 ਮਈ ਤੱਕ ਦਾਖਲ ਕੀਤੀਆਂ ਜਾ ਸਕਦੀਆਂ ਨੇ । ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਤਰੀਕ 3 ਜੂਨ ਏ। ਨਾਮਜ਼ਦਗੀਆਂ ਦੀ ਜਾਂਚ 4 ਜੂਨ ਨੂੰ ਹੋਵੇਗੀ ਤੇ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ 5 ਜੂਨ ਏ। ਵੋਟਾਂ ਦੀ ਗਿਣਤੀ, ਵੋਟਾਂ ਪੈਣ ਤੋਂ ਤੁਰੰਤ ਬਾਅਦ, ਉਸੇ ਦਿਨ 13 ਜੂਨ ਨੂੰ ਹੀ ਕੀਤੀ ਜਾਵੇਗੀ। ਇਹਨਾਂ ਚੋਣਾਂ ਦੇ ਮੱਦੇਨਜ਼ਰ, ਨਗਰ ਕੌਂਸਲਾਂ ਦੇ ਅਧਿਕਾਰ ਖੇਤਰ ਵਿੱਚ ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਏ ।

------------------------------------------------------------

ਸਥਾਨਕ ਸਰਕਾਰਾਂ ਦੇ ਪ੍ਰਸਾਸਕੀ ਸਕੱਤਰ ਮਨਜੀਤ ਸਿੰਘ ਬਰਾੜ ਨੇ ਕਿਹਾ ਏ ਕਿ ਜਨਗਣਨਾ-2027 ਦੇ ਪਹਿਲੇ ਪੜਾਅ ਵਿੱਚ ਪੰਜਾਬ ਦੀ ਪ੍ਰਸ਼ਾਸ਼ਨਿਕ ਮਸ਼ੀਨਰੀ ਨੇ 11 ਜ਼ਿਲ੍ਹਿਆਂ ਤੇ 7 ਨਗਰ ਨਿਗਮਾਂ ਵਿੱਚ ਸਾਨਦਾਰ ਕਾਰਗੁਜਾਰੀ ਦਿਖਾਈ ਏ। ਉਹਨਾਂ ਕਿਹਾ ਕਿ ਇਹ ਨਿਰਧਾਰਤ ਸਮੇਂ ਅੰਦਰ ਡੇਟਾ ਇਕੱਤਰਤਾ ਦੀ ਸੰਪੂਰਨਤਾ, ਸਟੀਕਤਾ ਤੇ ਉੱਚ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਠੋਸ ਵਚਨਬੱਧਤਾ ਨੂੰ ਦਰਸਾਉਂਦਾ ਏ। ਡਾਇਰੈਕਟਰ ਜਨਗਣਨਾ ਆਪਰੇਸ਼ਨਜ਼ ਡਾ. ਨਵਜੋਤ ਖੋਸਾ ਤੇ ਡਾਇਰੈਕਟਰ ਸਥਾਨਕ ਸਰਕਾਰਾਂ ਕੁਲਵੰਤ ਸਿੰਘ ਨਾਲ ਪਹਿਲੇ ਪੜਾਅ ਦੇ ਕਾਰਜਾਂ ਦੇ ਮੁਲਾਂਕਣ ਲਈ ਵਰਚੁਅਲ ਤੌਰ ਤੇ ਸਮੀਖਿਆ ਮੀਟਿੰਗ ਦੌਰਾਨ ਮਨਜੀਤ ਸਿੰਘ ਬਰਾੜ ਨੇ ਕਿਹਾ ਕਿ ਬਰਨਾਲਾ, ਮੋਗਾ, ਮਾਲੇਰਕੋਟਲਾ, ਫਾਜ਼ਿਲਕਾ , ਲੁਧਿਆਣਾ, ਸੰਗਰੂਰ, ਸ੍ਰੀ ਮੁਕਤਸਰ ਸਾਹਿਬ, ਤਰਨ ਤਾਰਨ, ਰੂਪਨਗਰ, ਮਾਨਸਾ ਤੇ ਹੋਸ਼ਿਆਰਪੁਰ ਸਮੇਤ ਕੁੱਲ ਗਿਆਰਾਂ ਜ਼ਿਲਿਆਂ ਤੇ ਸੱਤ ਨਗਰ ਨਿਗਮਾਂ ਬਰਨਾਲਾ, ਅਬੋਹਰ,

ਮੋਗਾ, ਬਟਾਲਾ, ਹੋਸ਼ਿਆਰਪੁਰ, ਫਗਵਾੜਾ ਤੇ ਕਪੂਰਥਲਾ ਨੇ ਸਾਨਦਾਰ ਫੀਲਡ ਲਾਮਬੰਦੀ ਤੇ ਨਿਗਰਾਨੀ ਰਾਹੀਂ ਸਲਾਘਾਯੋਗ ਕਾਰਗੁਜ਼ਾਰੀ ਦਿਖਾਈ ਏ।

----------------------------------------------------

ਪੰਜਾਬ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਰਾਹੀਂ ਉੱਚ ਜੋਖਮ ਗਰਭ ਅਵਸਥਾ ਤੇ ਨਵਜਾਤ ਬੱਚਿਆਂ ਦੀ ਸਿਹਤ ਸੇਵਾਵਾਂ ਨੂੰ ਖਾਸ ਤੌਰ 'ਤੇ ਮਜਬੂਤੀ ਮਿਲ ਰਹੀ ਏ। ਇਹ ਯੋਜਨਾ ਗੰਭੀਰ ਜਣੇਪੇ ਤੇ ਗੰਭੀਰ ਤੌਰ 'ਤੇ ਬੀਮਾਰ ਨਵਜਾਤ ਬੱਚਿਆਂ ਦੇ ਇਲਾਜ ਨੂੰ ਪਰਿਵਾਰਾਂ ਲਈ ਬਿਨਾਂ ਕਿਸੇ ਆਰਥਿਕ ਬੋਝ ਦੇ ਆਸਾਨ ਬਣਾ ਰਹੀ ਏ। ਸਿਹਤ-ਕਾਰਡ ਉਨ੍ਹਾਂ ਮਹਿਲਾਵਾਂ ਲਈ ਇਕ ਮਹੱਤਵਪੂਰਨ ਸਹਾਰਾ ਬਣ ਕੇ ਉੱਭਰਿਆ ਏ, ਜਿਨ੍ਹਾਂ ਨੂੰ ਜਣੇਪੇ ਦੌਰਾਨ ਆਪਰੇਸਨ ਰਾਹੀਂ ਇਲਾਜ ਦੀ ਲੋੜ ਪੈਂਦੀ ਏ। ਰਾਜ ਸਿਹਤ ਏਜੰਸੀ ਦੇ ਅੰਕੜਿਆਂ ਅਨੁਸਾਰ 25 ਮਈ ਤੱਕ ਯੋਜਨਾ ਤਹਿਤ ਮਾਤਰਤਵ ਤੇ ਨਵਜਾਤ ਸੰਭਾਲ ਦੇ ਕੁੱਲ 7,300

ਮਾਮਲਿਆਂ ਵਿੱਚ ਇਲਾਜ ਪ੍ਰਦਾਨ ਕੀਤਾ ਗਿਆ, ਜਿਸ ‘ਤੇ ਲਗਭਗ 7 ਕਰੋੜ ਰੁਪਏ ਤੋਂ ਵੱਧ ਦਾ ਖਰਚ ਹੋਇਆ।

---------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵੱਲੋਂ ਪਿੰਡ ਜੱਸੀ ਪੌ ਵਾਲੀ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਵਿੱਚ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਣੂੰ ਕਰਵਾਇਆ ਗਿਆ। ਡਿਪਟੀ ਡਾਇਰੈਕਟਰ (ਟ੍ਰੇਨਿੰਗ) ਡਾ. ਗੁਰਦੀਪ ਸਿੰਘ ਸਿੱਧੂ ਨੇ ਕਿਸਾਨਾਂ ਨੂੰ ਝੋਨੇ ਅਤੇ ਨਰਮੇ ਦੀ ਫਸਲ ਵਿੱਚ ਜੀਵਾਣੂੰ ਖਾਦ ਦੀ ਵਰਤੋਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜੈਵਿਕ ਖਾਦਾਂ ਦੀ ਵਰਤੋਂ ਨਾਲ ਰਸਾਇਣਕ ਖਾਦਾਂ ਉੱਤੇ ਨਿਰਭਰਤਾ ਘਟਾਈ ਜਾ ਸਕਦੀ ਏ ਤੇ ਫਸਲ ਦੀ ਪੈਦਾਵਾਰ ਅਤੇ ਮਿੱਟੀ ਦੀ ਸਿਹਤ ਵਿੱਚ ਸੁਧਾਰ ਲਿਆਂਦਾ ਜਾ ਸਕਦਾ ਏ। ਸਹਾਇਕ ਪ੍ਰੋਫੈਸਰ ਡਾ. ਰਮਨਦੀਪ ਕੌਰ ਨੇ ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ, ਲੱਕੀ ਸੀਡ ਡ੍ਰਿੱਲ ਰਾਹੀਂ ਬਿਜਾਈ ਕਰਨ

ਦੇ ਢੰਗ ਤੇ ਇਸ ਤਕਨੀਕ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ। ਕੈਂਪ ਦੌਰਾਨ ਕਿਸਾਨਾਂ ਨੇ ਖਾਦਾਂ ਦੀ ਵਰਤੋਂ ਤੇ ਝੋਨੇ ਦੀ ਸਿੱਧੀ ਬਿਜਾਈ ਨਾਲ ਸਬੰਧਿਤ ਆਪਣੇ ਸਵਾਲਾਂ ਦੇ ਜਵਾਬ ਪ੍ਰਾਪਤ ਕੀਤੇ ਤੇ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਕਿਸਾਨਾਂ ਨੂੰ ਜੀਵਾਣੂੰ ਖਾਦ ਵੀ ਮੁਹੱਈਆ ਕਰਵਾਈ ਗਈ।

---------------------------------------------------------------

ਸੇਫ ਸਕੂਲ ਵਾਹਨ ਪਾਲਿਸੀ ਤਹਿਤ ਤੇ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਪਟਿਆਲਾ ਜ਼ਿਲ੍ਹੇ ਵਿੱਚ ਖ਼ਾਸ ਚੈਕਿੰਗ ਤੇ ਜਾਗਰੂਕਤਾ ਮੁਹਿੰਮ ਚਲਾਈ ਗਈ। ਪਟਿਆਲਾ ਦੇ ਰੀਜਨਲ ਟਰਾਂਸਪੋਰਟ ਅਫਸਰ, ਡਾ. ਪੂਨਮ ਪ੍ਰੀਤ ਕੌਰ ਦੀ ਅਗਵਾਈ ਹੇਠ ਚਲਾਈ ਗਈ ਇਸ ਮੁਹਿੰਮ ਦੌਰਾਨ ਸਕੂਲ ਬੱਸਾਂ, ਵੈਨਾਂ ਅਤੇ ਸਕੂਲੀ ਬੱਚਿਆਂ ਨੂੰ ਲਿਜਾਣ ਵਾਲੇ ਹੋਰ ਵਾਹਨਾਂ ਦੀ ਵਿਸਥਾਰ ਨਾਲ ਜਾਂਚ ਕੀਤੀ ਗਈ। ਡਾ. ਪੂਨਮ ਪ੍ਰੀਤ ਕੌਰ ਨੇ ਦੱਸਿਆ ਕਿ ਜਾਂਚ ਦੌਰਾਨ ਵਾਹਨਾਂ ਦੇ ਪਰਮਿਟ, ਫਿਟਨੈੱਸ ਸਰਟੀਫਿਕੇਟ, ਇੰਸ਼ੋਰੈਂਸ, ਸਪੀਡ ਗਵਰਨਰ,

ਐਮਰਜੈਂਸੀ ਏਗਜ਼ਿਟ, ਅੱਗ ਬੁਝਾਊ ਯੰਤਰ, ਫਸਟ ਏਡ ਬਾਕਸ, ਸੀਸੀਟੀਵੀ ਕੈਮਰੇ ਅਤੇ ਬੈਠਕ ਸਮਰੱਥਾ ਆਦਿ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਦੀ ਜਾਂਚ ਕੀਤੀ ਗਈ। ਜਿਹੜੇ ਵਾਹਨ ਨਿਰਧਾਰਿਤ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਕਰਦੇ ਪਾਏ ਗਏ, ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਗਈ । ਉਲੰਘਣਾ ਕਰਨ ਵਾਲਿਆਂ ਦੇ ਚਲਾਨ ਮੌਕੇ ’ਤੇ ਹੀ ਕੱਟੇ ਗਏ ।

---------------------------------------------------------